2025-36356

ਕੀ-1

SED-EDU302/15/2025-2EDU3 I/1042719/2025

ਪੰਜਾਬ ਸਰਕਾਰ

ਸਕੂਲ ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ, ਐਸ.ਏ.ਐਸ ਨਗਰ
2. ਡਾਇਰੈਕਟਰ, ਸਕੂਲ ਸਿੱਖਿਆ (ਸੈਕੰਡਰੀ/ਐਲੀਮੈਂਟਰੀ), ਪੰਜਾਬ,ਐਸ.ਏ.ਐਸ ਨਗਰ
3. ਡਾਇਰੈਕਟਰ, ਐਸ.ਸੀ.ਈ.ਆਰ.ਟੀ, ਪੰਜਾਬ, ਐਸ.ਏ.ਐਸ ਨਗਰ।
4. ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ, ਮੋਹਾਲੀ।
5. ਸਮੂਹ ਜਿਲਾ ਸਿੱਖਿਆ ਅਫਸਰ (ਸੈਕੰਡਰੀ ਅਤੇ ਐਲੀਮੈਂਟਰੀ), ਪੰਜਾਬ।

ਮਿਤੀ, ਚੰਡੀਗੜ੍ਹ: 26.02.2025

ਵਿਸ਼ਾ:- ਪੰਜਾਬੀ ਅਤੇ ਹੋਰ ਭਾਸ਼ਾਵਾਂ ਦੀ ਸਿੱਖਿਆ ਦਾ ਪੰਜਾਬ ਐਕਟ, 2008 ਅਤੇ ਇਸ ਐਕਟ ਵਿੱਚ ਸਮੇਂ ਸਮੇਂ ਤੇ ਕੀਤੀਆਂ ਸੋਧਾਂ ਨੂੰ ਲਾਗੂ ਕਰਨ ਸਬੰਧੀ।

***

ਉਪਰੋਕਤ ਵਿਸ਼ੇ ਤੇ ਸਿੱਖਿਆ ਮੰਤਰੀ, ਪੰਜਾਬ ਦੇ ਪੱਤਰ ਨੰ: ਸਪੈ./786 ਮਿਤੀ 26.02.2025 ਦੇ ਹਵਾਲੇ ਵਿੱਚ।

2. ਵਿਸ਼ੇ ਅੰਕਿਤ ਮਾਮਲੇ ਸਬੰਧੀ ਆਪ ਦਾ ਧਿਆਨ ਪੰਜਾਬੀ ਅਤੇ ਹੋਰ ਭਾਸ਼ਾਵਾਂ ਦੀ ਸਿੱਖਿਆ ਦਾ ਪੰਜਾਬ ਐਕਟ, 2008 ਦੇ ਸੈਕਸ਼ਨ 3 ਵੱਲ ਦਵਾਇਆ ਜਾਂਦਾ ਹੈ, ਜਿਸ ਵਿੱਚ ਹੇਠ ਅਨੁਸਾਰ ਉਪਬੰਧ ਕੀਤੇ ਗਏ ਹਨ:-

3(1) ਅਕਾਦਮਿਕ ਸਾਲ 2009-2010 ਤੋਂ ਸਾਰੇ ਸਕੂਲਾਂ ਵਿੱਚ ਪਹਿਲੀ ਕਲਾਸ ਤੋਂ ਦਸਵੀਂ ਕਲਾਸ ਤੱਕ ਪੰਜਾਬੀ ਨੂੰ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਇਆ ਜਾਵੇਗਾ।

(2) ਕੋਈ ਬੋਰਡ ਜਾਂ ਸੰਸਥਾ ਕਿਸੇ ਵਿਦਿਆਰਥੀ ਨੂੰ ਉਦੋਂ ਤੱਕ ਮੈਟ੍ਰਿਕ ਦਾ ਸਰਟੀਫਿਕੇਟ ਨਹੀਂ ਦੇਵੇਗੀ ਜਦ ਤੱਕ ਉਸਨੇ ਦਸਵੀਂ ਕਲਾਸ ਦੀ ਪ੍ਰੀਖਿਆ ਵਿੱਚ ਪੰਜਾਬੀ ਵਿਸ਼ਾ ਪਾਸ ਨਾ ਕੀਤਾ ਹੋਵੇ।"

3. ਪੰਜਾਬੀ ਅਤੇ ਹੋਰ ਭਾਸ਼ਾਵਾਂ ਦੀ ਸਿੱਖਿਆ ਦਾ ਪੰਜਾਬ ਐਕਟ, 2008 ਦੇ ਸੈਕਸ਼ਨ 3 ਸਮੇਤ ਸਾਰੇ ਉਪਬੰਧਾਂ ਅਤੇ ਇਸ ਐਕਟ ਵਿੱਚ ਸਮੇਂ ਸਮੇਂ ਤੇ ਕੀਤੀਆਂ ਸੋਧਾਂ ਦੀ ਰੌਸ਼ਨੀ ਵਿੱਚ ਸਿੱਖਿਆ ਵਿਭਾਗ ਦੇ ਸਮੂਹ ਅਧਿਕਾਰੀਆਂ ਨੂੰ ਹੇਠ ਅਨੁਸਾਰ ਹਦਾਇਤ ਕੀਤੀ ਜਾਂਦੀ ਹੈ:-

I. ਕਿਸੇ ਵੀ ਵਿਦਿਆਰਥੀ ਨੂੰ ਦਸਵੀਂ ਕਲਾਸ ਵਿੱਚ ਪੰਜਾਬੀ ਪੜ੍ਹੇ ਬਿਨਾ ਪਾਸ ਘੋਸ਼ਿਤ ਨਾ ਕੀਤਾ ਜਾਵੇ।

II. ਪੰਜਾਬ ਰਾਜ ਵਿੱਚ ਕਿਸੇ ਵੀ ਬੋਰਡ ਨਾਲ ਸਬੰਧਤ ਸਕੂਲ ਵਿੱਚ ਪੰਜਾਬੀ ਨੂੰ ਮੁੱਖ ਭਾਸ਼ਾ ਵਜੋਂ ਪੜ੍ਹਾਇਆ ਜਾਵੇ।

III. ਇਹਨਾਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੇ ਸਕੂਲਾਂ ਵਿਰੁੱਧ ਪੰਜਾਬੀ ਅਤੇ ਹੋਰ ਭਾਸ਼ਾਵਾਂ ਦੀ ਸਿੱਖਿਆ ਦਾ ਪੰਜਾਬ ਐਕਟ, 2008 ਅਤੇ ਵਿੱਚ ਸਮੇਂ ਸਮੇਂ ਤੇ ਕੀਤੀਆਂ ਗਈਆਂ ਸੋਧਾਂ ਅਨੁਸਾਰ ਸਖਤ ਕਾਰਵਾਈ ਕੀਤੀ ਜਾਵੇਗੀ।

4. ਇਹ ਪੱਤਰ ਸਮਰੱਥ ਅਥਾਰਿਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਜਾਂਦਾ ਹੈ।

ਸੁਪਰਡੰਟ

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ ਜੀ-1/1 ( )2025/ 1363 ਮਿਤੀ 03.03.25

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁੱਖੀਆਂ ਨੂੰ , ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਅਨੁਸਾਰ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

03/03/25

ਉਪ- ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।